# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 11-05-2024**

ਪੰਜਾਬ ਵਿੱਚ ਲੋਕ ਸਭਾ ਚੋਣਾਂ ਲਈ ਨਾਮਜ਼ਦਗੀਆਂ ਭਰਨ ਦੇ ਕੱਲ੍ਹ ਚੌਥੇ ਦਿਨ 13 ਲੋਕ ਸਭਾ ਹਲਕਿਆਂ ਲਈ ਕੁੱਲ 82 ਉਮੀਦਵਾਰਾਂ ਨੇ 95 ਨਾਮਜ਼ਦਗੀ ਪੱਤਰ ਦਾਖਲ ਕੀਤੇ ਨੇ। ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਇਹ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ 7 ਤੋਂ 10 ਮਈ ਤੱਕ ਤੇਰਾਂ ਲੋਕਸਭਾ ਹਲਕਿਆਂ ਵਿਚ 143 ਉਮੀਦਵਾਰਾਂ ਨੇ 163 ਨਾਮਜ਼ਦਗੀ ਪੱਤਰ ਦਾਖਲ ਕੀਤੇ ਨੇ। ਕੱਲ੍ਹ ਗੁਰਦਾਸਪੁਰ ਤੋਂ 9 ਉਮੀਦਵਾਰਾਂ ਨੇ 14 , ਅੰਮ੍ਰਿਤਸਰ ਤੋਂ 6 ਉਮੀਦਵਾਰਾਂ ਨੇ 8, ਖਡੂਰ ਸਾਹਿਬ ਤੋਂ 3 ਅਤੇ ਜਲੰਧਰ ਤੋਂ 6 ਉਮੀਦਵਾਰਾਂ ਨੇ ਨਾਮਜ਼ਦਗੀ ਪੱਤਰ ਦਾਖਲ ਕੀਤੇ । ਹੁਸ਼ਿਆਰਪੁਰ ਤੋਂ 5 ਉਮੀਦਵਾਰਾਂ ਨੇ 7, ਆਨੰਦਪੁਰ ਸਾਹਿਬ ਤੋਂ 7 ਉਮੀਦਵਾਰਾਂ ਨੇ 9 ਅਤੇ ਲੁਧਿਆਣਾ ਤੋਂ 12 ਉਮੀਦਵਾਰਾਂ ਨੇ ਨਾਮਜ਼ਦਗੀ ਪੱਤਰ ਦਾਖਲ ਕੀਤੇ। ਫਤਿਹਗੜ੍ਹ ਸਾਹਿਬ ਤੋਂ 6 ਉਮੀਦਵਾਰਾਂ ਵੱਲੋਂ 8,

ਫਰੀਦਕੋਟ ਤੋਂ 8 , ਬਠਿੰਡਾ ਤੋਂ 7 , ਸੰਗਰੂਰ ਤੋਂ 4 , ਪਟਿਆਲਾ ਤੋਂ 5 ਅਤੇ ਫਿਰੋਜ਼ਪੁਰ ਤੋਂ 4 ਉਮੀਦਵਾਰਾਂ ਨੇ ਪੱਤਰ ਦਾਖਲ ਕੀਤੇ। ਸੂਬੇ ਵਿਚ ਨਾਮਜ਼ਦਗੀਆਂ 14 ਮਈ ਤੱਕ ਭਰੀਆਂ ਜਾ ਸਕਣਗੀਆਂ ਪਰ 11 ਤੇ 12 ਮਈ ਨੂੰ ਗਜ਼ਟਿਡ ਛੁੱਟੀ ਹੋਣ ਕਾਰਨ ਕਾਗਜ਼ ਜਮ੍ਹਾਂ ਨਹੀਂ ਹੋਣਗੇ। 15 ਮਈ ਨੂੰ ਨਾਮਜ਼ਦਗੀਆਂ ਦੀ ਪੜਤਾਲ ਕੀਤੀ ਜਾਵੇਗੀ ਅਤੇ 17 ਮਈ ਨਾਮਜ਼ਦਗੀ ਵਾਪਸ ਲੈਣ ਦੀ ਆਖਰੀ ਤਾਰੀਖ ਏ। ਸੂਬੇ ਦੀਆਂ ਸਾਰੀਆਂ ਹੀ 13 ਲੋਕ ਸਭਾ ਸੀਟਾਂ ‘ਤੇ ਪਹਿਲੀ ਜੂਨ ਨੂੰ ਸਵੇਰੇ 7 ਤੋਂ ਸ਼ਾਮ 6 ਵਜੇ ਤੱਕ ਵੋਟਾਂ ਪੈਣਗੀਆਂ।

---------------------------------------------------------------

ਪੰਜਾਬ ਭਾਜਪਾ ਮਾਮਲਿਆਂ ਦੇ ਇੰਚਾਰਜ ਵਿਜੇ ਰੂਪਾਨੀ ਨੇ ਆਮ ਆਦਮੀ ਪਾਰਟੀ ਸਰਕਾਰ ਤੇ ਭਾਜਪਾ ਉਮੀਦਵਾਰਾਂ ਦੀ ਨਾਮਜਦਗੀ ਰੋਕਣ ਦੀ ਸਾਜਿਸ਼ ਘੜਨ ਦਾ ਦੋਸ਼ ਲਗਾਇਆ ਏ। ਜਲੰਧਰ ਵਿਚ ਕੱਲ ਇਕ ਪ੍ਰੈਸ ਕਾਨਫਰੰਸ ਦੌਰਾਨ ਉਨਾਂ ਕਿਹਾ ਕਿ ਲੁਧਿਆਣਾ ਤੋਂ ਭਾਜਪਾ ਉਮੀਦਵਾਰ ਰਵਨੀਤ ਬਿੱਟੂ ਨੂੰ ਅੱਧੀ ਰਾਤ ਕਾਗਜ਼ਾਤ ਦਾਖਲ ਕਰਨ ਲਈ ਜ਼ਰੂਰੀ NOC ਨਾ ਦੇਣ ਦੇ ਬਹਾਨੇ ਇਕ ਕਰੋੜ 82 ਲੱਖ ਰੁਪਏ ਦੇ

ਬਕਾਏ ਦਾ ਨੋਟਿਸ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਸਰਕਾਰ ਦੱਸੇ ਕਿ ਅੱਧੀ ਰਾਤ ਨੂੰ ਕਿਹੜਾ ਸਰਕਾਰੀ ਦਫਤਰ ਖੁੱਲ੍ਹਾ ਹੁੰਦਾ ਏ। ਵਿਜੇ ਰੁਪਾਨੀ ਨੇ ਕਿਹਾ ਕਿ ਇਸੇ ਤਰ੍ਹਾਂ ਬਠਿੰਡਾ ਤੋਂ ਭਾਜਪਾ ਉਮੀਦਵਾਰ ਪਰਮਰਾਜ ਕੌਰ ਸਿੱਧੂ ਮਲੂਕਾ ਨੂੰ ਐਨ ਓ ਸੀ ਨਾ ਦੇਣ ਦੀ ਸਾਜ਼ਿਸ਼ ਤਹਿਤ ਨੋਟਿਸ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਸਰਕਾਰ ਦੇ ਇਸ ਰੱਵਈਏ ਦਾ ਭਾਰਤੀ ਜਨਤਾ ਪਾਰਟੀ ਜ਼ੋਰਦਾਰ ਵਿਰੋਧ ਕਰਦੀ ਏ ਅਤੇ ਇਸ ਸਬੰਧੀ ਭਾਰਤ ਦੇ ਮੁੱਖ ਚੋਣ ਕਮਿਸ਼ਨਰ ਨੂੰ ਵੀ ਸ਼ਿਕਾਇਤ ਭੇਜੀ ਗਈ ਏ ਕਿ ਸੂਬੇ ਚ ਸੁਖਾਵੇਂ ਮਾਹੌਲ ਚ ਪਾਰਦਰਸ਼ੀ ਢੰਗ ਨਾਲ ਆਮ ਚੋਣਾਂ ਸਿਰੇ ਚਾੜ੍ਹਨ ਲਈ ਸੂਬਾ ਸਰਕਾਰ ਤੇ ਦਬਾਅ ਪਾਇਆ ਜਾਵੇ।

---------------------------------------------------------------------

ਏਧਰ ਸ੍ਰੀ ਆਨੰਦਪੁਰ ਸਾਹਿਬ ਲੋਕਸਭਾ ਹਲਕੇ ਤੋਂ ਭਾਜਪਾ ਦੇ ਉਮੀਦਵਾਰ ਡਾ: ਸੁਭਾਸ਼ ਸ਼ਰਮਾ ਨੇ ਹਲਕੇ ਵਿੱਚ ਵਿਕਾਸ ਦੀ ਕਮੀ ਲਈ ਕਾਂਗਰਸ ਤੇ ਅਕਾਲੀ ਦਲ ਦੀ ਆਲੋਚਨਾ ਕੀਤੀ ਏ। ਉਨ੍ਹਾਂ ਕਿਹਾ ਕਿ ਇੱਥੋਂ ਦੇ ਸਾਬਕਾ ਸੰਸਦ ਮੈਂਬਰਾਂ ਨੇ ਕਦੇ ਵੀ ਵਿਕਾਸ ਵੱਲ ਧਿਆਨ ਨਹੀਂ ਦਿੱਤਾ ਜਿਸ ਕਾਰਨ ਇਹ ਲੋਕਸਭਾ ਹਲਕਾ ਲਗਾਤਾਰ ਪਛੜ ਗਿਆ ਏ

। ਇਸ ਲਈ ਉਹ ਇਸ ਵਾਰ ਸ੍ਰੀ ਅਨੰਦਪੁਰ ਸਾਹਿਬ ਦੇ ਲੋਕਾਂ ਨੂੰ ਪੀ.ਐਮ ਮੋਦੀ ਨੂੰ ਮੌਕਾ ਦੇਣ ਦੀ ਅਪੀਲ ਕਰਦੇ ਨੇ ਅਤੇ ਭਰੋਸਾ ਦਿੰਦੇ ਨੇ ਕਿ ਜਨਤਾ ਨੂੰ ਸ਼ਿਕਾਇਤ ਦਾ ਮੌਕਾ ਨਹੀਂ ਦਿੱਤਾ ਜਾਵੇਗਾ । ਆਮ ਆਦਮੀ ਪਾਰਟੀ ਦੀ ਆਲੋਚਨ ਕਰਦੇ ਹੋਏ ਡਾ: ਸੁਭਾਸ਼ ਸ਼ਰਮਾ ਨੇ ਕਿਹਾ ਕਿ ਅਰਵਿੰਦ ਕੇਜਰੀਵਾਲ ਨੂੰ ਭਾਵੇਂ ਜ਼ਮਾਨਤ ਮਿਲ ਗਈ ਏ ਪਰ ਆਮ ਆਦਮੀ ਪਾਰਟੀ ਨੂੰ ਬਹੁਤ ਖੁਸ਼ ਹੋਣ ਦੀ ਜਰੂਰਤ ਨਹੀਂ ਏ ਕਿਉਂਕਿ ਅਰਵਿੰਦ ਕੇਜਰੀਵਾਲ ਹਾਲੇ ਵੀ ਆਰੋਪੀ ਨੇ ਅਤੇ ਛੇਤੀ ਹੀ ਫਿਰ ਜੇਲ ਜਾਣਗੇ।

---------------------------------------------------------------------

ਬਠਿੰਡਾ ਦੇ ਜ਼ਿਲ੍ਹਾ ਚੋਣ ਅਫ਼ਸਰ ਜਸਪ੍ਰੀਤ ਸਿੰਘ ਦੀਆਂ ਹਦਾਇਤਾਂ ਤੇ ਉੱਡਣ ਦਸਤੇ FST ਟੀਮ ਤਲਵੰਡੀ ਸਾਬੋ ਵੱਲੋਂ ਪੰਜਾਬ-ਹਰਿਆਣਾ ਦੇ ਇੰਟਰ ਸਟੇਟ ਬਾਰਡਰ ਉਪਰ ਨਾਕੇ ਲਗਾ ਕੇ ਹਰ ਤਰ੍ਹਾਂ ਦੇ ਵਾਹਨਾਂ ਦੀ 24 ਘੰਟੇ ਲਗਾਤਾਰ ਚੈੱਕਿੰਗ ਕੀਤੀ ਜਾ ਰਹੀ ਏ ਤਾਂ ਜੋ ਕਿਸੇ ਵੀ ਤਰ੍ਹਾਂ ਦੀਆਂ ਗੈਰ ਕਾਨੂੰਨੀ ਵਸਤੂਆਂ ਨੂੰ ਜ਼ਬਤ ਕੀਤਾ ਜਾ ਸਕੇ।। ਚੋਣਕਾਰ ਰਜਿਸਟਰੇਸ਼ਨ ਅਫਸਰ ਤਲਵੰਡੀ ਸਾਬੋ ਹਰਜਿੰਦਰ ਸਿੰਘ ਨੇ ਦੱਸਿਆ

ਕਿ ਲੋਕਾਂ ਦਾ ਲੋਕਤੰਤਰ ਵਿੱਚ ਵਿਸ਼ਵਾਸ਼ ਬਣਾਈ ਰੱਖਣ ਦੇ ਮੱਦੇਨਜ਼ਰ ਟੀਮਾਂ ਵੱਲੋਂ ਨਿਰੰਤਰ ਉਪਰਾਲੇ ਜਾਰੀ ਰਹਿਣਗੇ, ਤਾਂ ਜੋ ਪਹਿਲੀ ਜੂਨ ਨੂੰ ਹੋਣ ਜਾ ਰਹੀਆਂ ਲੋਕ ਸਭਾ ਦੀਆਂ ਚੋਣਾਂ ਨਿਰਵਿਘਨ ਤੇ ਪਾਰਦਰਸ਼ੀ ਤਰੀਕੇ ਨਾਲ ਕਰਵਾਈਆਂ ਜਾ ਸਕਣ।

---------------------------------------------------

ਪੰਜਾਬੀ ਸਾਹਿਤ ਦੇ ਬਾਬਾ ਬੋਹੜ ਵਜੋਂ ਜਾਣੇ ਜਾਂਦੇ ਉਘੇ ਸਾਹਿਤਕਾਰ ਪਦਮ ਸ਼੍ਰੀ ਸੁਰਜੀਤ ਪਾਤਰ ਦਾ ਅੱਜ ਸਵੇਰੇ ਲੁਧਿਆਣਾ ਵਿਚ ਦੇਹਾਂਤ ਹੋ ਗਿਆ। ਉਹ 79 ਵਰ੍ਹਿਆਂ ਦੇ ਸਨ। ਦੱਸਿਆ ਜਾਂਦਾ ਏ ਕਿ ਸੁਰਜੀਤ ਪਾਤਰ ਲੁਧਿਆਣਾ ਵਿਖੇ ਆਪਣੇ ਘਰ ਵਿਚ ਹੀ ਰਾਤ ਨੂੰ ਚੰਗੇ ਭਲੇ ਸੁੱਤੇ ਸਨ ਪਰ ਸਵੇਰ ਨੂੰ ਉੱਠੇ ਹੀ ਨਹੀਂ। ਉਨਾਂ ਦੇ ਦੇਹਾਂਤ ਨਾਲ ਪੰਜਾਬੀ ਸਾਹਿਤ ਨੂੰ ਇਕ ਵੱਡਾ ਘਾਟਾ ਪਿਆ ਏ।

---------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, ਡਾ. ਸੁਰਜੀਤ ਪਾਤਰ ਦੇ ਦੇਹਾਂਤ ਤੇ ਅਫਸੋਸ ਪ੍ਰਗਟ ਕੀਤਾ ਏ। ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਆਪਣੇ ਸ਼ੋਕ ਸੰਦੇਸ਼ ਵਿਚ ਮੁੱਖ ਮੰਤਰੀ ਨੇ ਕਿਹਾ ਕਿ

ਪੰਜਾਬੀ ਬੋਲੀ ਦੇ ਮਾਣਮੱਤੇ ਪੁੱਤ ਸੁਰਜੀਤ ਪਾਤਰ ਦੇ ਅਚਾਨਕ ਚਲੇ ਜਾਣ ਤੇ ਉਨ੍ਹਾਂ ਨੂੰ ਬਹੁਤ ਦੁੱਖ ਹੋਇਆ ਏ, ਪੰਜਾਬੀ ਮਾਂ ਬੋਲੀ ਦਾ ਵਿਹੜਾ ਅੱਜ ਸੁੰਨਾਂ ਹੋ ਗਿਆ ਏ। ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਦੁੱਖ ਜ਼ਾਹਰ ਕਰਦਿਆਂ ਕਿਹਾ ਕਿ ਸ਼ਾਹਕਾਰ ਰਚਨਾਵਾਂ ਦੇ ਰਚੇਤਾ ਡਾਕਟਰ ਸੁਰਜੀਤ ਪਾਤਰ ਦੇ ਵਿਛੋੜੇ ਨਾਲ ਪੰਜਾਬ, ਪੰਜਾਬੀ ਤੇ ਪੰਜਾਬੀਅਤ ਨੂੰ ਵੱਡਾ ਘਾਟਾ ਪਿਆ ਏ। ਪੰਜਾਬ BJP ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਨੇ, ਐਕਸ 'ਤੇ ਇੱਕ ਸ਼ੋਕ ਸੁਨੇਹੇ ਵਿਚ ਕਿਹਾ ਕਿ ਸ਼੍ਰੋਮਣੀ ਸ਼ਾਇਰ ਡਾ. ਸੁਰਜੀਤ ਪਾਤਰ ਦੇ ਵਿਛੋੜੇ ਦੀ ਖ਼ਬਰ ਸਾਨੂੰ ਸਾਰਿਆਂ ਨੂੰ ਬੇਹੱਦ ਉਦਾਸ ਕਰ ਗਈ। ਸਾਹਿਤਕਾਰ ਸੁਰਜੀਤ ਪਾਤਰ ਦਾ ਵਿਛੋੜਾ ਇੱਕ ਯੁੱਗ ਦਾ ਅੰਤ ਏ। ਸੁਨੀਲ ਜਾਖੜ ਨੇ ਕਿਹਾ ਕਿ ਜਦੋਂ ਵੀ ਪੰਜਾਬੀ ਸਾਹਿਤ ਦੀ ਗੱਲ ਤੁਰੇਗੀ ਤਾਂ ਡਾ. ਸੁਰਜੀਤ ਪਾਤਰ ਦੀ ਬਾਤ ਵੀ ਜ਼ਰੂਰ ਪਵੇਗੀ। ਉਨ੍ਹਾਂ ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਲਈ ਪਰਮਾਤਮਾ ਅੱਗੇ ਅਰਦਾਸ ਕੀਤੀ।

-----------------------------------------------------

ਪੰਜਾਬ ਵਿਚ ਪੱਛਮੀ ਗੜਬੜੀ ਦੇ ਸਰਗਰਮ ਹੋਣ ਕਾਰਣ ਬੀਤੀ ਰਾਤ

ਜਲੰਧਰ ਅਤੇ ਆਲੇ ਦੁਆਲੇ ਦੇ ਇਲਾਕਿਆਂ ਵਿਚ ਆਏ ਤੇਜ ਹਨੇਰੀ ਝੱਖੜ ਨਾਲ ਜਨ ਜੀਵਨ ਅਸਤ ਵਿਅਸਤ ਹੋ ਗਿਆ। ਸੜਕਾਂ ਦੇ ਕਿਨਾਰੇ ਹੋਰਡਿੰਗਜ਼ ਤੇ ਬੋਰਡ ਡਿਗ ਗਏ ਅਤੇ ਕਈ ਇਲਾਕਿਆਂ ਵਿਚ ਬਿਜਲੀ ਗੁਲ ਹੋ ਗਈ। ਮੌਸਮ ਵਿਭਾਗ ਨੇ 13 ਮਈ ਤਕ ਮੀਂਹ ਤੇ ਹਨੇਰੀ - ਝੱਖੜ ਸੰਬੰਧੀ ਯੈਲੋ ਅਲਰਟ ਪਹਿਲਾ ਹੀ ਜਾਰੀ ਕੀਤਾ ਹੋਇਆ ਏ। ਅੱਜ ਸਮੁੱਚੇ ਪੰਜਾਬ ਵਿਚ ਮੀਂਹ ਤੇ ਹਨੇਰੀ - ਝੱਖੜ ਵਾਲਾ ਮੌਸਮ ਬਣਿਆ ਰਹੇਗਾ ਜਦਕਿ ਕਲ ਤਰਨਤਾਰਨ, ਫਿਰੋਜ਼ਪੁਰ, ਫਾਜ਼ਿਲਕਾ, ਫਰੀਦਕੋਟ, ਮੁਕਤਸਰ, ਮੋਗਾ, ਬਠਿੰਡਾ, ਬਰਨਾਲਾ, ਮਾਨਸਾ, ਸੰਗਰੂਰ ਅਤੇ ਮਲੇਰਕੋਟਲਾ ਜ਼ਿਲਿਆਂ ਨੂੰ ਛੱਡ ਕੇ ਸੂਬੇ ਦੇ ਹੋਰਨਾਂ ਸਾਰੇ ਜ਼ਿਲਿਆਂ ਵਿਚ ਗ਼ਰਜ਼ ਚਮਕ ਨਾਲ ਮੀਂਹ ਪੈ ਸਕਦਾ ਏ ਅਤੇ 30 ਤੋਂ 40 ਕਿਲੋਮੀਟਰ ਪ੍ਰਤੀ ਘੰਟੇ ਦੀ ਰਫਤਾਰ ਨਾਲ ਹਵਾਵਾਂ ਵੱਗ ਸਕਦੀਆਂ ਨੇ। ਇਸੇ ਤਰ੍ਹਾਂ ਨਾਲ 13 ਮਈ ਨੂੰ ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ ਅਤੇ ਰੂਪਨਗਰ ਜ਼ਿਲਿਆਂ ਵਿਚ ਮੀਂਹ ਤੇ ਹਨੇਰੀ - ਝੱਖੜ ਵਾਲਾ ਮੌਸਮ ਬਣਿਆ ਰਹੇਗਾ।